15ਵੀਂ ਵਿਧਾਨ ਸਭਾ
ਸੱਤਵਾਂ ਸਮਾਗਮ

# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

**ਵੀਰਵਾਰ, 14 ਫਰਵਰੀ, 2019**
(10.00 ਵਜੇ ਸਵੇਰੇ)

----------

**I. ਪ੍ਰਸ਼ਨ**

ਵੱਖ ਸੂਚੀ ਵਿਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

**II. ਧਿਆਨ ਦਿਵਾਊ ਨੋਟਿਸ**

1. **ਡਾਕਟਰ ਧਰਮਬੀਰ ਅਗਨੀਹੋਤਰੀ, ਐਮ.ਐਲ.ਏ:-** ਮੁੱਖ ਮੰਤਰੀ ਦਾ ਧਿਆਨ ਪੁਲਿਸ ਸਿਖਲਾਈ ਕੇਂਦਰ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਨਵੇਂ ਰੰਗਰੂਟਾਂ ਨੂੰ ਵਹੀਕਲ ਡਰਾਈਵਿੰਗ ਸਿਖਲਾਈ ਦੀ ਅਣਹੋਂਦ ਵੱਲ ਦਿਵਾਉਣਗੇ।

(ਨੰ: 8)

2. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ:-** ਮੁੱਖ ਮੰਤਰੀ ਦਾ ਧਿਆਨ ਪੰਜਾਬ ਰਾਜ ਵਿੱਚ ਦੂਸ਼ਿਤ ਦਰਿਆਵਾਂ ਅਤੇ ਡ੍ਰੇਨਾਂ ਵੱਲ ਦਿਵਾਉਣਗੇ।

(ਨੰ: 9)

3. (i) **ਸ਼੍ਰੀ ਅਮਨ ਅਰੋੜਾ, ਐਮ.ਐਲ.ਏ.**
(ii) **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.**
(iii) **ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਐਮ.ਐਲ.ਏ.** } ਸਿੰਚਾਈ ਮੰਤਰੀ ਦਾ ਧਿਆਨ ਜ਼ਿਲ੍ਹਾ ਕਪੂਰਥਲਾ ਵਿੱਚ ਸਥਿਤ ਪਿੰਡਾਂ ਅਰਥਾਤ ਅੰਮ੍ਰਿਤਸਰ, ਸਫਦਰਪੁਰ, ਅਰਾਈਆਂ ਝੁੱਗੀਆਂ ਆਦਿ ਦੀ ਵਾਹੀਯੋਗ ਜ਼ਮੀਨ ਨੂੰ ਦਰਿਆ ਬਿਆਸ ਦੁਆਰਾ ਕੀਤੇ ਜਾ ਰਹੇ ਨੁਕਸਾਨ ਵੱਲ ਦਿਵਾਉਣਗੇ।

(ਨੰ: 11 ਅਤੇ 29)

**III. ਰਿਪੋਰਟਾਂ ਪੇਸ਼ ਕਰਨੀਆਂ**

| | | |
|---|---|---|
| 1. | **ਮੈਂਬਰ,**<br>**ਸਰਕਾਰੀ ਕਾਰੋਬਾਰੀ ਕਮੇਟੀ** | ਸਾਲ 2018-19 ਲਈ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਆਮ ਕੰਮ-ਕਾਰ ਤੇ ਸਰਕਾਰੀ ਕਾਰੋਬਾਰ ਕਮੇਟੀ ਦੀ 117 ਵੀਂ ਰਿਪੋਰਟ ਪੇਸ਼ ਕਰਨਗੇ। |
| 2. | **ਸਭਾਪਤੀ,**<br>**ਸਥਾਨਕ ਸਰਕਾਰਾਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਕਮੇਟੀ** | i) ਪੰਚਾਇਤੀ ਰਾਜ ਸੰਸਥਾਵਾਂ ਨਾਲ ਸਬੰਧਤ ਸਾਲ 2014-15 ਲਈ ਵੱਖ-ਵੱਖ ਆਡਿਟ ਪੈਰ੍ਹਿਆਂ ਤੇ ਸਥਾਨਕ ਸਰਕਾਰਾਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਕਮੇਟੀ ਦੀ 18ਵੀਂ ਸਲਾਨਾ ਤਕਨੀਕੀ ਰਿਪੋਰਟ ਪੇਸ਼ ਕਰਨਗੇ; ਅਤੇ<br><br>ii) ਮਿਊਂਸਪਲ ਕੌਂਸਲ, ਸੁਨਾਮ ਊਧਮ ਸਿੰਘ ਵਾਲਾ ਦੇ ਆਮ ਕੰਮ-ਕਾਰ ਤੇ ਸਥਾਨਕ ਸਰਕਾਰਾਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਕਮੇਟੀ ਦੀ 19ਵੀਂ ਰਿਪੋਰਟ ਪੇਸ਼ ਕਰਨਗੇ। |

Superintendent 13/02/19
Punjab Vidhan Sabha
Chandigarh

ਪਰਤੋਂ ਜੀ.....

## IV. ਮਤੇ

1. ਸ਼੍ਰੀ ਸੋਮ ਪ੍ਰਕਾਸ਼, ਐਮ.ਐਲ.ਏ.

   ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਪੰਜਾਬ ਵਿੱਚ ਵੱਧ ਰਹੇ ਅੰਧ ਵਿਸ਼ਵਾਸ਼ ਅਤੇ ਵਹਿਮਾਂ ਭਰਮਾਂ ਕਾਰਨ ਸਮਾਜ ਦੇ ਇਕ ਖਾਸ ਵਰਗ ਦੇ ਹੋ ਰਹੇ ਸ਼ੋਸ਼ਣ ਨੂੰ ਰੋਕਣ ਲਈ ਮਹਾਰਾਸ਼ਟਰ ਸਰਕਾਰ ਦੀ ਤਰ੍ਹਾਂ ਪੰਜਾਬ ਵਿਚ ਕਾਨੂੰਨ ਪਾਸ ਕੀਤਾ ਜਾਵੇ ਤਾਂ ਜੋ ਸਮਾਜ ਵਿੱਚ ਅਜਿਹੀਆਂ ਘਟਨਾਵਾਂ ਵਿਰੁੱਧ ਅਸਰਦਾਰ ਕਦਮ ਚੁੱਕੇ ਜਾਣ।

2. ਡਾ. ਰਾਜ ਕੁਮਾਰ ਚੱਬੇਵਾਲ, ਐਮ.ਐਲ.ਏ.

   ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਸਰਕਾਰੀ ਪ੍ਰਾਇਮਰੀ ਅਤੇ ਐਲੀਮੈਂਟਰੀ ਸਕੂਲਾਂ ਲਈ ਲੋੜੀਂਦੀਆਂ ਅਤੇ ਸੁਰੱਖਿਅਤ ਇਮਾਰਤਾਂ ਵਾਸਤੇ ਮਾਸਟਰ ਪਲਾਨ ਤਿਆਰ ਕਰਕੇ ਇਸ ਲਈ ਵਿਸ਼ੇਸ਼ ਫੰਡ ਮੁਹੱਈਆ ਕੀਤੇ ਜਾਣ ਅਤੇ ਇਸ ਸੋਸ਼ਲ ਪ੍ਰਾਜੈਕਟ ਲਈ ਦਿਲਚਸਪੀ ਰੱਖਣ ਵਾਲੇ ਪਰਵਾਸੀ ਭਾਰਤੀਆਂ ਦਾ ਸਹਿਯੋਗ ਵੀ ਲਿਆ ਜਾਵੇ।

3. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਐਮ.ਐਲ.ਏ.

   ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ ਅਤੇ ਵਿਰਾਸਤ ਨਾਲ ਜੋੜਨ ਅਤੇ ਜਾਗਰੂਕ ਕਰਨ ਲਈ ਇਤਿਹਾਸ ਨੂੰ ਸੰਭਾਲਣ ਲਈ ਵੱਡੇ ਪੱਧਰ ਤੇ ਉਸਾਰੀਆਂ ਗਈਆਂ ਯਾਦਗਾਰਾਂ ਦੇ ਬਕਾਇਦਾ ਰੱਖ ਰਖਾਵ ਲਈ ਢੁਕਵੇਂ ਉਪਰਾਲੇ ਕੀਤੇ ਜਾਣ।

4. ਸ਼੍ਰੀ ਅਮਨ ਅਰੋੜਾ, ਐਮ.ਐਲ.ਏ.

   ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਪਹਿਲਾਂ ਕੀਤੇ ਵਾਅਦੇ ਅਨੁਸਾਰ ਐਮ.ਓ.ਯੂਜ/ਪਾਵਰ ਪ੍ਰਚੇਜ ਐਗਰੀਮੈਂਟ ਨੂੰ ਰੱਦ ਜਾਂ ਰੀਵਿਊ ਕੀਤਾ ਜਾਵੇ ਤਾਂ ਕਿ ਜਨਤਾ ਵੱਲੋਂ ਦਿੱਤੇ ਟੈਕਸਾਂ ਵਿੱਚੋਂ ਅਜਾਈਂ ਜਾ ਰਹੇ ਪੈਸੇ ਨੂੰ ਬਚਾਇਆ ਜਾ ਸਕੇ।

5. ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ.

   ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਸਰਕਾਰੀ ਪ੍ਰਾਇਮਰੀ ਅਤੇ ਐਲੀਮੈਂਟਰੀ ਸਕੂਲਾਂ ਲਈ ਲੋੜੀਂਦੀਆਂ ਅਤੇ ਸੁਰੱਖਿਅਤ ਇਮਾਰਤਾਂ ਵਾਸਤੇ ਮਾਸਟਰ ਪਲਾਨ ਤਿਆਰ ਕਰਕੇ ਇਸ ਲਈ ਵਿਸ਼ੇਸ਼ ਫੰਡ ਮੁਹੱਈਆ ਕੀਤੇ ਜਾਣ ਅਤੇ ਇਸ ਸੋਸ਼ਲ ਪ੍ਰਾਜੈਕਟ ਲਈ ਦਿਲਚਸਪੀ ਰੱਖਣ ਵਾਲੇ ਪਰਵਾਸੀ ਭਾਰਤੀਆਂ ਦਾ ਸਹਿਯੋਗ ਵੀ ਲਿਆ ਜਾਵੇ।

6. ਡਾ. ਸੁਖਵਿੰਦਰ ਕੁਮਾਰ, ਐਮ.ਐਲ.ਏ.

   ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ ਅਤੇ ਵਿਰਾਸਤ ਨਾਲ ਜੋੜਨ ਅਤੇ ਜਾਗਰੂਕ ਕਰਨ ਲਈ ਇਤਿਹਾਸ ਨੂੰ ਸੰਭਾਲਣ ਲਈ ਵੱਡੇ ਪੱਧਰ ਤੇ ਉਸਾਰੀਆਂ ਗਈਆਂ ਯਾਦਗਾਰਾਂ ਦੇ ਬਕਾਇਦਾ ਰੱਖ ਰਖਾਵ ਲਈ ਢੁਕਵੇਂ ਉਪਰਾਲੇ ਕੀਤੇ ਜਾਣ।

13/[illegible]/19
Superintendent
Punjab Vidhan Sabha
Chandigarh

7. ਸ਼੍ਰੀ ਨੱਥੂ ਰਾਮ, ਐਮ.ਐਲ.ਏ.

   ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਸਰਕਾਰੀ ਪ੍ਰਾਇਮਰੀ ਅਤੇ ਐਲੀਮੈਂਟਰੀ ਸਕੂਲਾਂ ਲਈ ਲੋੜੀਂਦੀਆਂ ਅਤੇ

ਸੁਰੱਖਿਅਤ ਇਮਾਰਤਾਂ ਵਾਸਤੇ ਮਾਸਟਰ ਪਲਾਨ ਤਿਆਰ ਕਰਕੇ ਇਸ ਲਈ ਵਿਸ਼ੇਸ਼ ਫੰਡ ਮੁਹੱਈਆ ਕੀਤੇ ਜਾਣ ਅਤੇ ਇਸ ਸੋਸ਼ਲ ਪ੍ਰਾਜੈਕਟ ਲਈ ਦਿਲਚਸਪੀ ਰੱਖਣ ਵਾਲੇ ਪਰਵਾਸੀ ਭਾਰਤੀਆਂ ਦਾ ਸਹਿਯੋਗ ਵੀ ਲਿਆ ਜਾਵੇ।

8. ਸ਼੍ਰੀ ਬਲਦੇਵ ਸਿੰਘ ਖਹਿਰਾ, ਐਮ.ਐਲ.ਏ.

ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ ਅਤੇ ਵਿਰਾਸਤ ਨਾਲ ਜੋੜਨ ਅਤੇ ਜਾਗਰੂਕ ਕਰਨ ਲਈ ਇਤਿਹਾਸ ਨੂੰ ਸੰਭਾਲਣ ਲਈ ਵੱਡੇ ਪੱਧਰ ਤੇ ਉਸਾਰੀਆਂ ਗਈਆਂ ਯਾਦਗਾਰਾਂ ਦੇ ਬਕਾਇਦਾ ਰੱਖ ਰਖਾਵ ਲਈ ਢੁਕਵੇਂ ਉਪਰਾਲੇ ਕੀਤੇ ਜਾਣ।

9. ਸਰਦਾਰ ਸ਼ਰਨਜੀਤ ਸਿੰਘ ਢਿੱਲੋਂ, ਐਮ.ਐਲ.ਏ.

ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ ਅਤੇ ਵਿਰਾਸਤ ਨਾਲ ਜੋੜਨ ਅਤੇ ਜਾਗਰੂਕ ਕਰਨ ਲਈ ਇਤਿਹਾਸ ਨੂੰ ਸੰਭਾਲਣ ਲਈ ਵੱਡੇ ਪੱਧਰ ਤੇ ਉਸਾਰੀਆਂ ਗਈਆਂ ਯਾਦਗਾਰਾਂ ਦੇ ਬਕਾਇਦਾ ਰੱਖ ਰਖਾਵ ਲਈ ਢੁਕਵੇਂ ਉਪਰਾਲੇ ਕੀਤੇ ਜਾਣ।

10. ਸਰਦਾਰ ਜੈ ਕ੍ਰਿਸ਼ਨ ਸਿੰਘ, ਐਮ.ਐਲ.ਏ.

ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਪਹਿਲਾਂ ਕੀਤੇ ਵਾਅਦੇ ਅਨੁਸਾਰ ਐਮ.ਓ.ਯੂਜ/ਪਾਵਰ ਪ੍ਰਚੇਜ ਐਗਰੀਮੈਂਟ ਨੂੰ ਰੱਦ ਜਾਂ ਰੀਵਿਊ ਕੀਤਾ ਜਾਵੇ ਤਾਂ ਕਿ ਜਨਤਾ ਵੱਲੋਂ ਦਿੱਤੇ ਟੈਕਸਾਂ ਵਿੱਚੋਂ ਅਜਾਈਂ ਜਾ ਰਹੇ ਪੈਸੇ ਨੂੰ ਬਚਾਇਆ ਜਾ ਸਕੇ।

Superintendent 13/02/19
Punjab Vidhan Sabha
Chandigarh

ਚੰਡੀਗੜ੍ਹ:
13 ਫਰਵਰੀ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।